80

ਮੰਨਜ਼ੂਰੀ ਨੰ: 9

ਪੰਜਾਬ ਸਰਕਾਰ
ਯੋਜਨਾਬੰਦੀ ਵਿਭਾਗ
(ਸਥਾਨਕ ਯੋਜਨਾ ਸ਼ਾਖਾ)

ਸੇਵਾ ਵਿਖੇ,

ਡਿਪਟੀ ਕਮਿਸ਼ਨਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ।

ਮੀਮੋ ਨੰ: 2/1-ਪਸਪਬ/ਸ.ਯੋ./2019-20/2907 4483
ਮਿਤੀ: 19/8/2019 ਚੰਡੀਗੜ੍ਹ 04/11/19

ਵਿਸ਼ਾ:- ਸਕੀਮ ਪੀ.ਐਮ.-3 'Untied Funds of CM/ Dy. CM/FM' ਅਧੀਨ ਸਾਲ 2019-20 ਦੌਰਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਵੱਖ-ਵੱਖ ਵਿਕਾਸ ਕੰਮਾਂ ਲਈ 24.00 ਲੱਖ ਰੁਪਏ ਦੀ ਰਾਸ਼ੀ ਮੰਨਜ਼ੂਰ ਕਰਨ ਬਾਰੇ।

ਰਾਜਪਾਲ ਪੰਜਾਬ ਜੀ. ਸਕੀਮ ਪੀ.ਐਮ.-3 'Untied Funds of CM/Dy. CM/FM' ਅਧੀਨ ਮੁੱਖ ਮੰਤਰੀ, ਪੰਜਾਬ ਜੀ ਲਈ ਸਾਲ 2019-20 ਦੌਰਾਨ ਈਅਰਮਾਰਕ ਕੀਤੇ ਗਏ ਬੰਧਨ ਮੁਕਤ ਫੰਡਾਂ ਵਿਚੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਵੱਖ-ਵੱਖ ਵਿਕਾਸ ਕੰਮਾਂ ਲਈ ਕੁੱਲ 24.00 ਲੱਖ ਰੁਪਏ (ਸਿਰਫ ਚੋਵੀ ਲੱਖ ਰੁਪਏ) ਦੀ ਰਾਸ਼ੀ ਸਮੇਤ ਸਪੈਸ਼ਲ ਕੰਪੋਨੈਂਟ ਪਲਾਨ ਜਾਰੀ ਕਰਨ ਦੀ ਹੇਠ ਲਿਖੇ ਅਨੁਸਾਰ ਪ੍ਰਸੰਨਤਾ ਪੂਰਵਕ ਪ੍ਰਵਾਨਗੀ ਦਿੰਦੇ ਹਨ:-

ਜ਼ਿਲ੍ਹਾਂ: ਸ਼ਹੀਦ ਭਗਤ ਸਿੰਘ ਨਗਰ

(ਰਾਸ਼ੀ ਲੱਖਾਂ ਵਿੱਚ)

| ਲੜੀ ਨੰ: | ਸੰਸਥਾ | ਪਿੰਡ ਦਾ ਨਾਮ | ਮੰਤਵ | ਮੰਗ ਨੰ: 19, ਮੁੱਖ ਮੱਦ 5475-ਹੋਰ ਆਮ ਆਰਥਿਕ ਸੇਵਾਵਾਂ ਅਤੇ ਪੂੰਜੀਗਤ ਲਾਗਤ | | ਕੁੱਲ ਜੋੜ (4+5) |
|---|---|---|---|---|---|---|
| | | | | 112 ਅੰਕੜੇ - 12.00 - 53 ਮੇਜਰ ਵਰਕਸ | 789-ਅਨੁਸੂਚਿਤ ਜਾਤੀਆਂ ਲਈ ਸਪੈਸ਼ਲ ਕੰਪੋਨੈਂਟ ਪਲਾਨ - 08.00 - 53 ਮੇਜਰ ਵਰਕਸ | |
| 1 | 2 | 3 | 4 | 5 | 6 | 7 |
| 1 | ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ | ਕੰਗਣਾ ਬੇਟ | ਪੰਚਾਇਤ ਘਰ ਦੀ ਉਸਾਰੀ ਲਈ | 1.36 | 0.64 | 2.00 |
| 2 | | ਦਿਆਲਾਂ | ਗਲੀਆਂ ਨਾਲੀਆਂ ਅਤੇ ਗੰਦੇ ਪਾਣੀ ਦੇ ਨਿਕਾਸ ਲਈ | 2.04 | 0.96 | 3.00 |
| 3 | | ਟੋਰੋਵਾਲ | ਸ਼ਮਸ਼ਾਨਘਾਟ ਦੀ ਚਾਰਦੀਵਾਰੀ ਅਤੇ ਫਰਸ਼ਬੰਦੀ ਲਈ | 1.36 | 0.64 | 2.00 |
| 4 | | ਮਾਣੇਵਾਲ | ਪਾਣੀ ਦੀ ਨਿਕਾਸੀ ਅਤੇ ਸੀਵਰੇਜ਼ ਬਣਾਉਣ ਲਈ | 2.04 | 0.96 | 3.00 |
| 5 | | ਮਾਲੇਵਾਲ ਕੰਡੀ | ਗੰਦੇ ਪਾਣੀ ਦਾ ਨਿਕਾਸ/ਖਾਲਾ/ ਬਰਮ ਪੱਕੇ ਕਰਨ ਲਈ | 2.04 | 0.96 | 3.00 |
| 6 | | ਮੋਜੋਵਾਲ | ਗਲੀਆਂ ਨਾਲੀਆਂ ਅਤੇ ਗੰਦੇ ਪਾਣੀ ਦੇ ਨਿਕਾਸ ਲਈ | 1.36 | 0.64 | 2.00 |
| 7 | | ਬੀੜ ਕਾਠਗੜ੍ਹ | ਨਾਲੀਆਂ ਬਣਾਉਣ ਲਈ | 2.04 | 0.96 | 3.00 |



Scanned by CamScanner

| ਲੜੀ ਨੰ: | ਸੰਸਥਾ | ਪਿੰਡ ਦਾ ਨਾਮ | ਮੰਤਵ | ਮੰਗ ਨੰ: 19, ਮੁੱਖ ਮੱਦ 5475-ਹੋਰ ਆਮ ਆਰਥਿਕ ਸੇਵਾਵਾਂ ਅਤੇ ਪੂੰਜੀਗਤ ਲਾਗਤ | | ਕੁੱਲ ਜੋੜ (4+5) |
|---|---|---|---|---|---|---|
| | | | | 112 ਅੰਕੜੇ - 12.00 - 53 ਮੇਜਰ ਵਰਕਸ | 789-ਅਨੁਸੂਚਿਤ ਜਾਤੀਆਂ ਲਈ ਸਪੈਸ਼ਲ ਕੰਪੋਨੈਂਟ ਪਲਾਨ - 08.00 - 53 ਮੇਜਰ ਵਰਕਸ | |
| 8 | ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ | ਫਿਰਨੀ ਮਜਾਰਾ | ਗਲੀਆਂ ਨਾਲੀਆਂ ਅਤੇ ਗੰਦੇ ਪਾਣੀ ਦੇ ਨਿਕਾਸ ਲਈ | 2.04 | 0.96 | 3.00 |
| 9 | | ਮਝੋਟ | ਸ਼ਮਸ਼ਾਨਘਾਟ ਦੀ ਚਾਰਦੀਵਾਰੀ ਲਈ | 2.04 | 0.96 | 3.00 |
| | ਕੁੱਲ ਜੋੜ | | | 16.32 | 7.68 | 24.00 |

2. ਇਹ ਸੈਂਕਸ਼ਨ ਹੇਠ ਦਰਸਾਈਆਂ ਸ਼ਰਤਾਂ ਅਨੁਸਾਰ ਜਾਰੀ ਕੀਤੀ ਜਾਂਦੀ ਹੈ :-

1) ਸਕੀਮ ਪੀ ਐਮ 3 ਮੁੱਖ ਮੰਤਰੀ/ਉਪ ਮੁੱਖ ਮੰਤਰੀ/ਵਿੱਤ ਅਤੇ ਯੋਜਨਾ ਮੰਤਰੀ ਦੇ ਬੰਧਨ ਮੁਕਤ ਫੰਡਾਂ ਅਧੀਨ ਰਾਸ਼ੀ ਇਸ ਵਿਭਾਗ ਦੇ ਮੀਮੋ ਨੰ:2/1/ਪਸਪਬ-ਯੋਅ(ਸ.ਯੋ.)/ਹਦਾਇਤਾ/ 2012-13/1352 ਮਿਤੀ 21/03/2013 ਰਾਹੀਂ ਜਾਰੀ ਕੀਤੀਆਂ ਅਗਵਾਹੀ ਲੀਹਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਖਰਚ ਕੀਤੀ ਜਾਵੇ।

2) ਸਬੰਧਤ ਵਿਭਾਗ/ਕਾਰਜਕਾਰੀ ਏਜੰਸੀ ਦੀ ਜਿੰਮੇਵਾਰੀ ਹੋਵੇਗੀ ਕਿ ਖਜ਼ਾਨੇ ਵਿਚੋਂ ਰਾਸ਼ੀ ਅਸਲ ਲੋੜ ਅਨੁਸਾਰ ਹੀ ਡਰਾਅ ਕਰਵਾਈ ਜਾਵੇ।

3) ਰਾਸ਼ੀ ਸਿਰਫ ਉਸ ਮੰਤਵ ਲਈ ਹੀ ਖਰਚ ਕੀਤੀ ਜਾਵੇਗੀ ਜਿਸ ਮੰਤਵ ਲਈ ਇਹ ਰਾਸ਼ੀ ਜਾਰੀ ਕੀਤੀ ਗਈ ਹੈ ਅਤੇ ਇਸ ਤੋਂ ਇਲਾਵਾ ਕਿਸੇ ਹੋਰ ਮੰਤਵ ਲਈ ਇਹ ਰਾਸ਼ੀ ਖਰਚ ਕਰਨ ਦੀ ਆਗਿਆ ਨਹੀਂ ਹੋਵੇਗੀ।

4) ਜੇਕਰ ਇਸ ਮੰਤਵ ਲਈ ਰਾਸ਼ੀ ਇਸ ਵਿਭਾਗ ਦੁਆਰਾ ਪਹਿਲਾਂ ਵੀ ਜਾਰੀ ਕੀਤੀ ਗਈ ਹੈ ਜਾਂ ਹੋਰ ਸਾਧਨਾਂ ਤੋਂ ਪ੍ਰਾਪਤ ਹੋ ਚੁੱਕੀ ਹੈ ਤਾਂ ਅਨੁਮਾਨਤ ਲਾਗਤ ਦੇ ਫਰਕ ਨੂੰ ਮੀਟ ਕਰਨ ਲਈ ਲੋੜੀਂਦੀ ਰਾਸ਼ੀ ਹੀ ਸਰਕਾਰੀ ਖਜ਼ਾਨੇ ਵਿਚੋਂ ਡਰਾਅ ਕਰਵਾਈ ਜਾਵੇ। ਰਾਸ਼ੀ ਜ਼ਾਰੀ ਕਰਨ ਤੋਂ ਪਹਿਲਾਂ ਕਾਰਜਕਾਰੀ ਵਿਭਾਗ/ਏਜੰਸੀ ਤੋਂ ਇਸ ਸਬੰਧੀ ਯਕੀਨੀ ਬਣਾ ਲਿਆ ਜਾਵੇ।

5) ਨਿੱਜੀ ਸੰਸਥਾਵਾਂ/ਸਵੈ-ਇੱਛਾ ਸੰਗਠਨਾਂ ਨੂੰ ਕੋਈ ਰਾਸ਼ੀ ਜ਼ਾਰੀ ਨਹੀਂ ਕੀਤੀ ਜਾਵੇਗੀ ਅਤੇ ਕੰਮ ਸਰਕਾਰੀ ਏਜੰਸੀ ਦੁਆਰਾ ਹੀ ਕਰਵਾਇਆ ਜਾਵੇ।

6) ਖਰਚੇ ਨੂੰ ਮਹਾਂਲੇਖਾਕਾਰ, ਪੰਜਾਬ ਦੇ ਦਫ਼ਤਰ ਨਾਲ ਮਿਲਾਨ ਕਰਵਾਉਣਾ ਅਤੇ ਏ.ਸੀ./ਡੀ.ਸੀ. ਬਿਲ ਭੇਜਣੇ ਯਕੀਨੀ ਬਣਾਏ ਜਾਣ।

7) ਸਬੰਧਤ ਵਿਭਾਗ/ਕਾਰਜਕਾਰੀ ਏਜੰਸੀ ਤੋਂ ਰਲੀਜ ਕੀਤੇ ਗਏ ਫੰਡਾਂ ਦੇ ਖਪਤ ਸਰਟੀਫਿਕੇਟ ਜਿੰਨੀ ਜਲਦੀ ਹੋ ਸਕੇ, ਪ੍ਰਾਪਤ ਕੀਤੇ ਜਾਣ ।

8) ਜਿੱਥੇ ਜਰੂਰੀ ਹੋਵੇ, ਰਾਸ਼ੀ ਜ਼ਾਰੀ ਕਰਨ ਤੋਂ ਪਹਿਲਾਂ ਲਾਗਤ ਦੇ ਤਖ਼ਮੀਨੇ ਅਧਿਕਾਰਤ ਅਥਾਰਟੀ ਤੋਂ ਪ੍ਰਵਾਨ ਕਰਵਾਏ ਜਾਣ ।

3. ਇਹ ਰਾਸ਼ੀ ਵਿੱਤ ਵਿਭਾਗ ਦੇ ਅ.ਵਿ.ਪੱ.ਨੰ:FD/FE6/ Senior Assistant 1, FE 6/CGSNO324913 ਮਿਤੀ 26-07-2019 ਦੀ ਪ੍ਰਵਾਨਗੀ ਅਨੁਸਾਰ ਜਾਰੀ ਕੀਤੀ ਜਾ ਰਹੀ ਹੈ।

ਜਸਪਾਲ ਸਿੰਘ
ਪ੍ਰਮੁੱਖ ਸਕੱਤਰ ਯੋਜਨਾ

ਮਿਤੀ: 31 -10-2019

ਪਿੱਠ ਅੰਕਣ ਨੰ:2/1-ਪਸਪਬ/ਸ.ਯੋ./2019-20/ 2484-4887 ਮਿਤੀ: 04/11/19

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਸੁਪਰਡੰਟ ਵਿੱਤ ਵਿਭਾਗ (ਵਿੱਤ ਖਰਚਾ-6 ਸ਼ਾਖਾ)
2. ਮਹਾਂਲੇਖਾਕਾਰ(ਆਡਿਟ), ਪੰਜਾਬ, ਚੰਡੀਗੜ੍ਹ ।
3. ਮਹਾਂਲੇਖਾਕਾਰ (ਏ.ਐਡ ਈ.),ਪੰਜਾਬ, ਚੰਡੀਗੜ੍ਹ ।
4. ਡਾਇਰੈਕਟਰ, ਖਜ਼ਾਨਾ ਅਤੇ ਲੇਖਾ, ਪੰਜਾਬ, ਚੰਡੀਗੜ੍ਹ ।

ਡਾਇਰੈਕਟਰ

Scanned by CamScanner

82

ਪਿੱਠ ਅੰਕਣ ਨੰ: 2/1-ਪਸਪਬ/ਸ.ਯੋ./2019-20/ 4488 ਮਿਤੀ: 04/11/19

ਉਤਾਰਾ ਪ੍ਰਮੁੱਖ ਸਕੱਤਰ ਮੁੱਖ ਮੰਤਰੀ ਜੀ ਨੂੰ ਉਨ੍ਹਾਂ ਦੇ ਅੰ.ਵਿ.ਪੱ.ਨੰ:8/75/2019 ਮੱ.ਮੰ.ਦ/ਜੀ.ਏ.2/1601700/1 ਮਿਤੀ 23-10-2019 ਦੇ ਸਬੰਧ ਵਿੱਚ ਮੁੱਖ ਮੰਤਰੀ,ਪੰਜਾਬ ਜੀ ਦੀ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਡਾਇਰੈਕਟਰ

ਪਿੱਠ ਅੰਕਣ ਨੰ: 2/1-ਪਸਪਬ/ਸ.ਯੋ./2019-20/ 4489-4495 ਮਿਤੀ: 04/11/19

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ।
2. ਉਪ-ਅਰਥ ਅਤੇ ਅੰਕੜਾ ਸਲਾਹਕਾਰ, ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ।
3. ਡਿਪਟੀ ਕੰਟਰੋਲਰ(ਐਫ. ਐਂਡ ਏ.),ਅੰਦਰੂਨੀ ਆਡਿਟ ਸੰਸਥਾ, ਜਿਲ੍ਹਾ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ।
4. ਜ਼ਿਲ੍ਹਾ ਖਜ਼ਾਨਾ ਅਫ਼ਸਰ, ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ।
5. ਸੰਯੁਕਤ ਸਕੱਤਰ-ਕਮ-ਡਾਇਰੈਕਟਰ, ਸਪੈਸ਼ਲ ਕੰਪੋਨੈਟ ਸਬ ਪਲਾਨ, ਭਲਾਈ ਵਿਭਾਗ, ਪੰਜਾਬ, ਸੈਕਟਰ 17, ਚੰਡੀਗੜ੍ਹ।
6. ਸੁਪਰਡੰਟ, ਜਨਰਲ ਸ਼ਾਖਾ, ਦਫ਼ਤਰ ਮੁੱਖ ਮੰਤਰੀ, ਪੰਜਾਬ, ਕਮਰਾ ਨੰ:20, ਪੰਜਾਬ,ਸਿਵਲ ਸਕੱਤਰੇਤ।
7. ਪ੍ਰੋਗਰਾਮਰ, ਪੰਜਾਬ ਰਾਜ ਯੋਜਨਾ ਬੋਰਡ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸੈਕਸ਼ਨ ਨੂੰ ਨਿਰਧਾਰਤ ਹੈਡ ਵਿੱਚ ਅਪਲੋਡ ਕਰਦੇ ਹੋਏ ਇਸ ਸ਼ਾਖਾ ਨੂੰ ਲਿਖਤੀ ਰੂਪ ਵਿੱਚ ਸੂਚਿਤ ਕੀਤਾ ਜਾਵੇ।

ਡਾਇਰੈਕਟਰ

ਕਾਪੀ ਵੱਲ-

ਨਿੱਜੀ ਸਕੱਤਰ/ ਪ੍ਰਮੁੱਖ ਸਕੱਤਰ, ਯੋਜਨਾ
ਨਿੱਜੀ ਸਹਾਇਕ/ਵਿਸ਼ੇਸ਼ ਸੱਕਤਰ ਯੋਜਨਾ



Scanned by CamScanner